## ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# ਸਤੰਬਰ ਤੱਕ 3351 ਗਰਭਵਤੀ ਮਹਿਲਾਵਾਂ ਨੇ ਜਨਨੀ ਸੁਰੱਖਿਆ ਯੋਜਨਾ ਤੋਂ ਲਿਆ ਲਾਹਾ –ਈਸ਼ਾ ਕਾਲੀਆ

### ਗਰੀਬ, ਲੋੜਵੰਦ ਪਛੜੀਆਂ ਜਾਤੀਆਂ ਦੀ ਭਲਾਈ ਲਈ ਚਲਾਈ ਜਾ ਰਹੀ ਹੈ ਸਕੀਮ

### ਸਰਕਾਰੀ ਹਸਪਤਾਲਾਂ ਵਿਖੇ ਜਣੇਪਾ ਕਰਵਾਉਣ ’ਤੇ ਮਿਲਦੀ ਹੈ ਸਹਾਇਤਾ ਰਾਸ਼ੀ

### ਪਿੰਡਾਂ ’ਚ ਜਾ ਕੇ ਐਮ.ਐਮ.ਯੂ. ਵੈਨ ਰਾਹੀਂ ਕੀਤਾ ਜਾਂਦਾ ਹੈ ਜਾਗਰੂਕ

### ਡਿਲੀਵਰੀ ਹੋਣ ਤੱਕ ਕੀਤੇ ਜਾਂਦੇ ਹਨ ਸਾਰੇ ਮੁਫਤ ਟੈਸਟ

### ਸਿੱਧੀ ਬੈਂਕ ਖਾਤੇ ’ਚ ਜਮ੍ਹਾਂ ਹੁੰਦੀ ਹੈ ਸਹਾਇਤਾ ਰਾਸ਼ੀ

### ਐਂਬੂਲੈਂਸ ਦੀ ਹੈ ਮੁਫਤ ਸਹੂਲਤ

ਫਾਜ਼ਿਲਕਾ 26 ਅਕਤੂਬਰ

ਸਿਹਤ ਵਿਭਾਗ ਗਰਭਵਤੀ ਮਹਿਲਾਵਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ’ਚ ਸਹਾਈ ਸਿੱਧ ਹੋਇਆ ਹੈ। ਗਰਭਵਤੀ ਮਹਿਲਾਵਾਂ ਲਈ ਸਿਹਤ ਵਿਭਾਗ ਵੱਲੋਂ ਜਨਣੀ ਸੁਰੱਖਿਆ ਸਕੀਮ(ਜੇ.ਐਸ.ਵਾਈ) ਤਹਿਤ ਸਰਕਾਰੀ ਹਸਪਤਾਲਾਂ ਵਿਖੇ ਮੁਫਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਹ ਸਕੀਮ ਜ਼ਿਲ੍ਹੇ ਦੀਆਂ ਲੋੜਵੰਦ ਮਹਿਲਾਵਾਂ ਲਈ ਬਹੁਤ ਹੀ ਲਾਹੇਵੰਦ ਸਾਬਿਤ ਹੋ ਰਹੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦਿੱਤੀ।

ਇਸ ਸਬੰਧੀ ਵਧੇਰੇ ਜਾਣਕਾਰੀ ਸਿਵਲ ਸਰਜਨ ਡਾ. ਸੁਰਿੰਦਰ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਸਰਕਾਰੀ ਹਸਪਤਾਲਾਂ ਵਿਖੇ ਜਨਣੀ ਸੁਰੱਖਿਆ ਯੋਜਨਾ ਤਹਿਤ ਪਹਿਲੀ ਜਨਵਰੀ 2017 ਤੋਂ ਲੈ ਕੇ 30 ਸਤੰਬਰ ਤੱਕ 3351 ਗਰਭਵਤੀ ਮਹਿਲਾਵਾਂ ਵੱਲੋਂ ਸਕੀਮ ਦਾ ਲਾਹਾ ਲਿਆ ਜਾ ਚੁੱਕਿਆ ਹੈ। ਉਨ੍ਹਾਂ ਦੱਸਿਆ ਕਿ ਜਨਣੀ ਸੁਰੱਖਿਆ ਯੋਜਨਾ ਤਹਿਤ ਮਹਿਲਾਵਾਂ ਦੇ ਗਰਭਵਤੀ ਹੋਣ ਤੋਂ ਲੈ ਕੇ ਡਿਲਵਰੀ ਹੋਣ ਤੋਂ 42 ਦਿਨਾਂ ਬਾਅਦ ਤੱਕ ਸਰਕਾਰੀ ਹਸਪਤਾਲਾਂ ਵਿੱਚ ਮਹਿਲਾਵਾਂ ਨੂੰ ਮੁਫਤ ਸਿਹਤ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਗਰਭਵਤੀ ਮਹਿਲਾਵਾਂ ਦੇ ਸਾਰੇ ਟੈਸਟ ਜਿਵੇਂ ਕਿ ਅਲਟਰਾਸਾਊਂਡ, ਖੂਨ ਟੈਸਟ , ਵਜਨ, ਬੀ.ਪੀ.ਤੇ ਯੂਰਿਨ ਆਦਿ ਟੈਸਟ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤੇ ਜਾਂਦੇ ਹਨ। ਉਨ੍ਹਾਂ ਹੋਰ ਦੱਸਿਆ ਕਿ ਮੁਫਤ ਟੈਸਟਾਂ ਦੇ

ਨਾਲ-ਨਾਲ ਡਿਲਵਰੀ ਹੋਣ ਤੋਂ ਬਾਅਦ ਮਹਿਲਾਵਾਂ ਨੂੰ ਸਹਾਇਤਾ ਵਜੋਂ ਰਾਸ਼ੀ ਵੀ ਦਿੱਤੀ ਜਾਂਦੀ ਹੈ ਜ਼ੋ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧਾ ਜਮ੍ਹਾਂ ਕਰਵਾਈ ਜਾਂਦੀ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਗਰਭਵਤੀ ਮਹਿਲਾਵਾਂ ਨੂੰ ਸਰਕਾਰੀ ਸੰਸਥਾ ਵਿਖੇ ਰਜਿਸਟਰਡ ਕਰਨ ਤੋਂ ਬਾਅਦ ਉਨ੍ਹਾਂ ਦਾ ਸਮੇਂ-ਸਮੇਂ 'ਤੇ ਏ.ਐਨ.ਸੀ. ਚੈਕਅੱਪ ਤੇ ਹੋਰ ਲੋੜੀਂਦੇ ਟੈਸਟ ਆਦਿ ਮੁਫਤ ਕੀਤੇ ਜਾਂਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਡਿਲਵਰੀ ਹੋਣ ਤੱਕ ਮਹਿਲਾਵਾਂ ਦੀ ਪੂਰੀ ਸਾਂਭ-ਸੰਭਾਲ ਕੀਤੀ ਜਾਂਦੀ ਹੈ ਤੇ ਘਰ ਤੋਂ ਲੈ ਕੇ ਆਣ-ਜਾਣ ਦੀ ਸੁਵਿਧਾ ਵੀ ਪ੍ਰਦਾਨ ਕੀਤੀ ਜਾਂਦੀ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਚਲਾਈ ਜਾ ਰਹੀ ਇਸ ਸਕੀਮ ਤਹਿਤ ਗਰੀਬ, ਲੋੜਵੰਦ ਤੇ ਪਛੜੀਆਂ ਜਾਤੀਆਂ ਦੀਆਂ ਮਹਿਲਾਵਾਂ ਨੂੰ ਸਰਕਾਰੀ ਸੰਸਥਾਵਾਂ ਵਿਖੇ ਜਣੇਪਾ ਕਰਵਾਉਣ 'ਤੇ ਪਿੰਡਾਂ ਦੀਆਂ ਵਸਨੀਕਾਂ ਨੂੰ 700 ਰੁਪਏ ਤੇ ਸ਼ਹਿਰ ਦੀਆਂ ਵਸਨੀਕਾਂ ਨੂੰ 600 ਰੁਪਏ ਸਹਾਇਤਾ ਰਾਸ਼ੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਮੋਬਾਈਲ ਮੈਡੀਕਲ ਯੂਨਿਟ ਵੈਨਾਂ ਰਾਹੀਂ ਵੀ ਜ਼ਿਲ੍ਹਾ ਵਾਸੀਆਂ ਨੂੰ ਸਿਹਤ ਸੁਵਿਧਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਸਿਹਤ ਵਿਭਾਗ ਵੱਲੋਂ ਚਲਾਈ ਜਾ ਰਹੀ ਜਨਣੀ ਸੁਰੱਖਿਆ ਸਕੀਮ ਦਾ ਲਾਹਾ ਲਿਆ ਜਾਵੇ।